# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :14-08-2026**

***<u>ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ।</u>***

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ 80ਵੇਂ ਆਜ਼ਾਦੀ ਦਿਵਸ ਤੋਂ ਪਹਿਲਾਂ ਦੀ ਸ਼ਾਮ ਰਾਸ਼ਟਰ ਨੂੰ ਸੰਬੋਧਨ ਕਰਨਗੇ।

- ਪੰਜਾਬ ਪੁਲਿਸ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਵਜੋਂ ਪੰਜਾਬ ਪੁਲਿਸ ਦੇ ਅਧਿਕਾਰੀਆਂ ਤੇ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ (ਪੀਐਸਐਮ) ਅਤੇ ਬੇਮਿਸਾਲ ਸੇਵਾ ਲਈ ਮੈਡਲ (ਐਮਐਸਐਮ) ਨਾਲ ਸਨਮਾਨਿਤ ਕੀਤਾ ਜਾਵੇਗਾ।

- ਚੰਡੀਗੜ੍ਹ, ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ ਦੇ ਲਾਭਪਾਤਰੀਆਂ ਲਈ, CBDC ਅਧਾਰਿਤ ਭੋਜਨ ਸਬਸਿਡੀ ਦੇ ਸਿੱਧੇ ਲਾਭ ਤਬਾਦਲੇ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਵਾਲਾ ਦੇਸ਼ ਦਾ ਪਹਿਲਾ ਕੇਂਦਰ ਸ਼ਾਸਿਤ ਪ੍ਰਦੇਸ਼ ਬਣਿਆ.

- NIA ਨੇ ਛੇ ਸਾਲ ਪੁਰਾਣੇ, ਸਲਾਇਆ ਡਰੱਗ ਜ਼ਬਤ ਮਾਮਲੇ ਦੇ ਸਬੰਧ ਵਿੱਚ ਮੁਲਜ਼ਮ ਅਨਵਰ ਮਸੀਹ ਦੀਆਂ ਅੰਮ੍ਰਿਤਸਰ ਵਿਚਲੀਆਂ ਦੋ ਅਚੱਲ ਜਾਇਦਾਦਾਂ ਜ਼ਬਤ ਕੀਤੀਆਂ.

- 1947 ਦੀ ਵੰਡ ਦੌਰਾਨ, ਆਪਣੀਆਂ ਜਾਨਾਂ ਗੁਆਉਣ ਅਤੇ ਜ਼ੁਲਮਾਂ ਖਿਲਾਫ ਸੰਘਰਸ਼ ਕਰਨ ਵਾਲਿਆਂ ਦੀ ਯਾਦ ਵਿਚ ਅੱਜ ਵਿਭਾਜਨ ਵਿਭੀਸ਼ਿਕਾ ਯਾਦਗਾਰੀ ਦਿਵਸ ਮਨਾਇਆ ਜਾ ਰਿਹਾ ਏ.

***<u>ਹੁਣ ਖਬਰਾਂ ਵਿਸਥਾਰ ਨਾਲ।</u>***

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ 80ਵੇਂ ਆਜ਼ਾਦੀ ਦਿਵਸ ਤੋਂ ਪਹਿਲਾਂ ਦੀ ਸ਼ਾਮ ਰਾਸ਼ਟਰ ਨੂੰ ਸੰਬੋਧਨ ਕਰਨਗੇ। ਰਾਸ਼ਟਰਪਤੀ ਦਾ ਭਾਸ਼ਣ ਆਕਾਸ਼ਵਾਣੀ ਦੇ ਸਾਰੇ ਰਾਸ਼ਟਰੀ ਚੈਨਲਾਂ 'ਤੇ ਸ਼ਾਮ 7 ਵਜੇ ਪ੍ਰਸਾਰਿਤ ਕੀਤਾ ਜਾਵੇਗਾ। ਇਹ ਸਾਰੇ ਦੂਰਦਰਸ਼ਨ ਚੈਨਲਾਂ 'ਤੇ ਹਿੰਦੀ ਵਿੱਚ ਪ੍ਰਸਾਰਿਤ ਕੀਤਾ ਜਾਵੇਗਾ, ਜਿਸ ਤੋਂ ਬਾਅਦ ਅੰਗਰੇਜ਼ੀ ਰੂਪ ਵੀ ਪ੍ਰਸਾਰਿਤ ਹੋਵੇਗਾ। ਦੂਰਦਰਸ਼ਨ 'ਤੇ ਹਿੰਦੀ ਅਤੇ ਅੰਗਰੇਜ਼ੀ ਵਿੱਚ ਸੰਬੋਧਨ ਦੇ ਪ੍ਰਸਾਰਿਤ ਹੋਣ ਤੋਂ ਬਾਅਦ, ਇਸਨੂੰ ਦੂਰਦਰਸ਼ਨ ਦੇ ਖੇਤਰੀ ਚੈਨਲਾਂ 'ਤੇ ਖੇਤਰੀ ਭਾਸ਼ਾਵਾਂ ਵਿੱਚ ਵੀ ਪ੍ਰਸਾਰਿਤ ਕੀਤਾ ਜਾਵੇਗਾ । ਰਾਸ਼ਟਰਪਤੀ ਦੇ ਇਸ ਸੰਬੋਧਨ ਦਾ ਪੰਜਾਬੀ ਭਾਸ਼ਾ ਰੂਪ, ਆਕਾਸ਼ਵਾਣੀ ਜਲੰਧਰ ਤੋਂ ਅੱਜ ਰਾਤ ਸਾਢੇ 9 ਵਜੇ ਪ੍ਰਸਾਰਿਤ ਕੀਤਾ ਜਾਵੇਗਾ। ਆਕਾਸ਼ਵਾਣੀ ਦੇ ਸਰੋਤਿਆਂ ਨੂੰ ਸੂਚਿਤ ਕੀਤਾ ਜਾਂਦਾ ਏ ਕਿ

ਰਾਸ਼ਟਰਪਤੀ ਦ੍ਰੌਪਦੀ ਮੁਰਮੂ ਦੇ ਦੇਸ਼ ਦੇ ਨਾਂ ਸੰਦੇਸ਼ ਦੇ ਮੱਦੇਨਜ਼ਰ, ਪੰਜਾਬੀ ਖਬਰਾਂ ਦਾ ਸ਼ਾਮ ਸਾਢੇ 7 ਵਜੇ ਪ੍ਰਸਾਰਿਤ ਹੋਣ ਵਾਲਾ ਰਾਸ਼ਟਰੀ ਬੁਲੇਟਿਨ ਅੱਜ ਸ਼ਾਮ 8 ਵਜੇ ਪ੍ਰਸਾਰਿਤ ਹੋਏਗਾ.ਇਸ ਦੇ ਨਾਲ ਇਹ ਵੀ ਦੱਸਿਆ  ਜਾਂਦਾ ਏ ਕਿ, ਭਲਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਲਾਲ ਕਿਲ੍ਹੇ ਦੀ ਫਸੀਲ ਤੋਂ ਆਜ਼ਾਦੀ ਦਿਹਾੜੇ ਦੇ ਜਸ਼ਨਾਂ ਮੌਕੇ ਦੇਸ਼ ਦੇ ਨਾਂ ਸੰਬੋਧਨ ਦੇ ਮੱਦੇਨਜ਼ਰ, ਭਲਕੇ ਸਵੇਰੇ ਸਾਢੇ 8 ਵਜੇ ਪ੍ਰਸਾਰਿਤ ਹੋਣ ਵਾਲਾ ਪੰਜਾਬੀ ਖਬਰਾਂ ਦਾ ਰਾਸ਼ਟਰੀ ਬੁਲੇਟਿਨ ਰੱਦ ਕੀਤਾ ਜਾਂਦਾ ਏ. ਖਬਰਾਂ ਦੇ ਸਮੇਂ 'ਚ ਇਹ ਤਬਦੀਲੀ ਸਿਰਫ ਅੱਜ ਸ਼ਾਮ ਤੋਂ ਭਲਕੇ ਸਵੇਰੇ ਲਈ ਹੀ ਏ.

---------------------------------------------------------------------------

ਕੇਂਦਰ ਸਰਕਾਰ ਨੇ ਆਜ਼ਾਦੀ ਦਿਵਸ ਦੇ ਮੌਕੇ 'ਤੇ ਪੁਲਿਸ, ਅੱਗ ਬੁਝਾਉ ਅਮਲੇ, ਹੋਮ ਗਾਰਡ, ਅਤੇ ਸਿਵਲ ਸੁਰੱਖਿਆ ਅਤੇ ਸੁਧਾਰ ਸੇਵਾਵਾਂ ਦੇ 1 ਹਜ਼ਾਰ 57 ਮੁਲਾਜ਼ਮਾਂ ਨੂੰ ਬਹਾਦਰੀ ਅਤੇ ਸੇਵਾ ਮੈਡਲ ਦੇਣ ਦਾ ਐਲਾਨ ਕੀਤਾ ਏ। ਇਹਨਾਂ ‘ਚ ਕੁੱਲ 92 ਰਾਸ਼ਟਰਪਤੀ ਮੈਡਲ ਵੀ ਦਿੱਤੇ ਗਏ ਨੇ. ਪੰਜਾਬ ਪੁਲਿਸ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਵਜੋਂ ਪੰਜਾਬ ਪੁਲਿਸ ਦੇ ਅਧਿਕਾਰੀਆਂ ਤੇ ਮੁਲਾਜ਼ਮਾਂ  ਦੇ ਨਾਵਾਂ ਦਾ ਐਲਾਨ ਕੀਤਾ ਗਿਆ ਏ, ਜਿਨ੍ਹਾਂ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ (ਪੀਐਸਐਮ) ਅਤੇ ਬੇਮਿਸਾਲ ਸੇਵਾ ਲਈ ਮੈਡਲ (ਐਮਐਸਐਮ) ਨਾਲ ਸਨਮਾਨਿਤ ਕੀਤਾ ਜਾਵੇਗਾ। ਪੰਜਾਬ ਪੁਲਿਸ ਦੇ ਬੁਲਾਰੇ ਨੇ ਦੱਸਿਆ ਏ

ਕਿ ਸੀ.ਆਈ.ਏ ਬਰਨਾਲਾ ਦੇ ਇੰਚਾਰਜ ਇੰਸਪੈਕਟਰ ਬਲਜੀਤ ਸਿੰਘ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ. ਇਸੇ ਤਰ੍ਹਾਂ, ਦੋ ਆਈ.ਪੀ.ਐਸ ਅਧਿਕਾਰੀਆਂ, ਪੁਲਿਸ ਦੇ ਆਈ.ਜੀ.ਪੀ) ਇੰਟੈਲੀਜੈਂਸ (ਐਡਮਿਨ) ਬਾਬੂ ਲਾਲ ਮੀਨਾ ਅਤੇ ਆਈ.ਜੀ.ਪੀ ਪ੍ਰੋਵੀਜ਼ਨਿੰਗ ਡਾ. ਐਸ. ਬੂਪਤੀ ਅਤੇ ਛੇ ਪੀ.ਪੀ.ਐਸ ਅਧਿਕਾਰੀ ਐਸ.ਪੀ.- ਪੀ.ਬੀ.ਆਈ ਸੰਗਰੂਰ ਨਵਰੀਤ ਸਿੰਘ ਵਿਰਕ, ਡੀ.ਐਸ.ਪੀ ਸਦਰਮੁਕਾਮ ਸੰਗਰੂਰ ਕਰਨੈਲ ਸਿੰਘ, ਡੀਐਸਪੀ ਸਕਿਊਰਿਟੀ ਸੁਭਾਸ਼ ਚੰਦ, ਡੀਐਸਪੀ ਸੀਆਈਡੀ ਯੂਨਿਟ ਅੰਮ੍ਰਿਤਸਰ ਸੰਜੀਵ ਕੁਮਾਰ, ਏਸੀਪੀ ਉੱਤਰੀ ਅੰਮ੍ਰਿਤਸਰ ਗਗਨਦੀਪ ਸਿੰਘ ਅਤੇ ਡੀਐਸਪੀ ਜਹਾਨ ਖੇਲਾਂ ਜਸਵੀਰ ਸਿੰਘ, ਉਨ੍ਹਾਂ ਅਧਿਕਾਰੀਆਂ ਤੇ ਮੁਲਾਜ਼ਮਾਂ ਵਿੱਚ ਸ਼ਾਮਲ ਨੇ ਜਿਨ੍ਹਾਂ ਨੂੰ ਬੇਮਿਸਾਲ ਸੇਵਾ ਲਈ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ । ਬਾਕੀ ਮੁਲਾਜ਼ਮਾਂ ਵਿੱਚ ਇੰਸਪੈਕਟਰ ਰਸ਼ਪਾਲ ਸਿੰਘ, ਇੰਸਪੈਕਟਰ ਨਿਰਮਲ ਸਿੰਘ ਅਤੇ ਏਐਸਆਈ ਨਿਰਮਲ ਸਿੰਘ ਸ਼ਾਮਲ ਨੇ. ਡੀਜੀਪੀ ਪੰਜਾਬ ਗੌਰਵ ਯਾਦਵ ਨੇ ਸਨਮਾਨਿਤ ਹੋਣ ਵਾਲੇ ਅਧਿਕਾਰੀਆਂ ਤੇ ਮੁਲਾਜ਼ਮਾਂ ਨੂੰ ਵਧਾਈ ਦਿੱਤੀ ਤੇ ਇਹਨਾਂ ਦੀਆਂ ਸੇਵਾਵਾਂ ਨੂੰ ਮਾਨਤਾ ਦੇਣ ਅਤੇ ਸਮੁੱਚੀ ਪੰਜਾਬ ਪੁਲਿਸ ਦਾ ਹੌਸਲਾ ਵਧਾਉਣ ਲਈ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਦਾ ਧੰਨਵਾਦ ਕੀਤਾ ।

---------------------------------------------------------------------------

ਪੰਜਾਬ 'ਚ ਸਵਤੰਤਰਤਾ ਦਿਵਸ ਦਾ ਮੁੱਖ, ਰਾਜ ਪਧਰੀ ਸਮਾਰੋਹ, ਫਿਰੋਜ਼ਪੁਰ ਵਿਖੇ ਹੋਏਗਾ ਜਿਥੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਭਲਕੇ ਰਾਸ਼ਟਰੀ ਝੰਡਾ ਲਹਿਰਾਉਣਗੇ. ਬਾਕੀ ਜ਼ਿਲਿਆਂ ਵਿਚ ਵੀ ਪੰਜਾਬ ਦੇ ਮੰਤਰੀਆਂ ਅਤੇ ਨਾਲ ਹੀ ਡਵੀਜ਼ਨਲ ਕਮਿਸ਼ਨਰਾਂ ਤੇ ਡਿਪਟੀ ਕਮਿਸ਼ਨਰਾਂ ਵਲੋਂ ਆਜ਼ਾਦੀ ਦਿਵਸ ਦੇ ਸਮਾਰੋਹਾਂ ਦੀ ਪ੍ਰਧਾਨਗੀ ਕੀਤੀ ਜਾਏਗੀ. ਆਜ਼ਾਦੀ ਦਿਹਾੜੇ ਦੇ ਮੱਦੇਨਜ਼ਰ ਪੰਜਾਬ ਭਰ ਵਿਚ ਸੁਰੱਖਿਆ ਦੇ ਪੁਖਤਾ ਇੰਤਜ਼ਾਮ ਕੀਤੇ ਗਏ ਨੇ. ਕਿਸੇ ਅਣਸੁਖਾਵੀਂ ਘਟਨਾ ਨੂੰ ਹੋਣ ਤੋਂ ਰੋਕਣ ਲਈ ਪੁਲਿਸ ਵਲੋਂ ਥਾਂ – ਥਾਂ 'ਤੇ ਨਾਕੇ ਲਾ ਕੇ ਵਾਹਨਾਂ ਦੀ ਜਾਂਚ ਕੀਤੀ ਜਾ ਰਹੀ ਏ, ਬਾਜ਼ਾਰਾਂ, ਬਸ ਅੱਡਿਆਂ ਅਤੇ ਸੜਕਾਂ ਤੇ ਰਲਵੇ ਸਟੇਸ਼ਨਾਂ ਸਮੇਤ ਸੰਵੇਦਨਸ਼ੀਲ ਥਾਵਾਂ 'ਤੇ ਪੁਲਿਸ ਵਲੋਂ ਗਸ਼ਤ ਕੀਤੀ ਜਾ ਰਹੀ ਏ ਤੇ ਕਈ ਜ਼ਿਲਿਆਂ 'ਚ ਝੰਡਾ march ਵੀ ਕੱਢੇ ਜਾ ਰਹੇ ਨੇ.

---------------------------------------------------------------------------

ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ (PMGKAY) ਦੇ ਲਾਭਪਾਤਰੀਆਂ ਨੂੰ ਭਲਾਈ ਸਪੁਰਦਗੀ ਵਿੱਚ ਅਗਲੇ ਵਿਕਾਸ ਵਜੋਂ, ਭਾਰਤ ਸਰਕਾਰ ਵਲੋਂ ਅੱਜ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿਖੇ ਕੇਂਦਰੀ ਬੈਂਕ ਡਿਜੀਟਲ ਕਰੰਸੀ (CBDC) - ਡਿਜੀਟਲ ਰੁਪਿਆ ਜਾਂ E – ਰੁਪਿਆ ਸਿੱਧੇ ਲਾਭ ਤਬਾਦਲੇ (DBT) ਲਈ ਸ਼ੁਰੂਆਤ ਕੀਤੀ ਗਈ.

ਇਸ ਪਹਿਲ ਦਾ ਉਦੇਸ਼, ਗਰੀਬ ਲੋਕਾਂ ਲਈ ਬਣਾਈਆਂ ਗਈਆਂ ਸਰਕਾਰੀ ਲਾਭਪਾਤਰੀ ਯੋਜਨਾਵਾਂ ਤੋਂ ਵਿਚੋਲਿਆਂ ਨੂੰ ਬਾਹਰ ਕਰਨਾ ਏ. ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ, ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ, ਕੇਂਦਰੀ ਸਿੱਖਿਆ, ਖਪਤਕਾਰ ਮਾਮਲਿਆਂ, ਖੁਰਾਕ ਅਤੇ ਜਨਤਕ ਵੰਡ ਬਾਰੇ ਕੇਂਦਰੀ ਮੰਤਰੀ, ਪ੍ਰਹਿਲਾਦ ਜੋਸ਼ੀ ਅਤੇ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਬਾਰੇ ਰਾਜ ਮੰਤਰੀ, ਨਿਮੁਬੇਨ ਜਯੰਤੀਭਾਈ ਬੰਬਾਨੀਆ ਨੇ ਇਕੱਠੇ ਇੱਕ ਪ੍ਰੋਗਰਾਮ ਵਿੱਚ ਇਸ ਸਕੀਮ ਦੀ ਸ਼ੁਰੂਆਤ ਕੀਤੀ। ਇਕੱਠ ਨੂੰ ਸੰਬੋਧਨ ਕਰਦਿਆਂ, ਸ਼੍ਰੀ ਜੋਸ਼ੀ ਨੇ ਕਿਹਾ ਕਿ ਕੇਂਦਰ ਸਰਕਾਰ, ਜ਼ਰੂਰਤ ਮੰਦਾਂ ਨੂੰ ਮੁਫਤ ਰਾਸ਼ਨ ਵੰਡਣ ‘ਤੇ 2 ਲਖ 10 ਹਜ਼ਾਰ ਕਰੋੜ ਰੁਪਏ ਤੋਂ ਵਧ ਖਰਚ ਕਰ ਰਹੀ ਏ. ਉਨ੍ਹਾਂ ਕਿਹਾ ਕਿ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਸਿੱਧੇ ਪੈਸੇ ਟ੍ਰਾਂਸਫਰ ਕਰਕੇ ਵਿਚੋਲਿਆਂ ਨੂੰ ਬਾਹਰ ਕੀਤਾ ਗਿਆ ਏ. ਮੰਤਰੀ ਨੇ ਇਹ ਵੀ ਕਿਹਾ ਕਿ ਸੀਬੀਡੀਸੀ ਤਬਾਦਲਾ ਪ੍ਰਕਿਰਿਆ ਪਾਰਦਰਸ਼ੀ ਅਤੇ ਆਸਾਨ ਏ । ਸਮਾਰਟ ਫੋਨ ਜਾਂ ਸਧਾਰਨ ਫ਼ੋਨ ਦੀ ਵਰਤੋਂ ਰਾਹੀਂ ਕੋਈ ਵੀ ਵਿਅਕਤੀ, ਲਾਭ ਪ੍ਰਾਪਤ ਕਰ ਸਕਦਾ ਏ

byte

ਇਸ ਮੌਕੇ ਬੋਲਦਿਆਂ ਕੇਂਦਰੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਦੇਸ਼ ਵਿੱਚ ਅਨਾਜ ਦਾ ਭਰਪੂਰ ਭੰਡਾਰ ਏ। ਓਹਨਾਂ ਕਿਹਾ ਕਿ ਕੇਂਦਰ

ਸਰਕਾਰ ਇਹ ਯਕੀਨੀ ਬਣਾ ਰਹੀ ਏ ਕਿ ਸਾਡੇ ਕਿਸਾਨ ਜੋ ਪੈਦਾ ਕਰ ਰਹੇ ਨੇ, ਉਹ ਗਰੀਬਾਂ ਤੱਕ ਵੀ ਪਹੁੰਚੇ-

byte

ਸਾਡੇ ਪੱਤਰਕਾਰ ਨੇ ਦੱਸਿਆ ਏ ਕਿ ਇਸ ਸ਼ੁਰੂਆਤ ਨਾਲ, ਚੰਡੀਗੜ੍ਹ, ਖੁਰਾਕ ਸਬਸਿਡੀ ਲਈ ਪੂਰੀ ਤਰ੍ਹਾਂ ਸੀ.ਬੀ.ਡੀ.ਸੀ-ਅਧਾਰਿਤ ਸਿਧੇ ਲਾਭ ਤਬਾਦਲੇ ਨੂੰ ਸ਼ੁਰੂ ਕਰਨ ਵਾਲਾ, ਦੇਸ਼ ਦਾ ਪਹਿਲਾ ਕੇਂਦਰ ਸ਼ਾਸਿਤ ਪ੍ਰਦੇਸ਼ ਬਣ ਗਿਆ ਏ. ਪਤਵੰਤਿਆਂ ਨੇ ਚੰਡੀਗੜ੍ਹ ਤੋਂ ਦਾਦਰਾ ਅਤੇ ਨਗਰ ਹਵੇਲੀ ਲਈ ਵਰਚੁਅਲ ਤੌਰ 'ਤੇ ਵੀ ਇਸ ਯੋਜਨਾ ਦੀ ਸ਼ੁਰੁਆਤ ਕੀਤੀ।

---------------------------------------------------------------------------

ਰਾਸ਼ਟਰੀ ਜਾਂਚ ਏਜੰਸੀ (NIA) ਨੇ ਛੇ ਸਾਲ ਪੁਰਾਣੇ, ਸਮੁੰਦਰੀ ਰਸਤੇ ਰਾਹੀਂ ਪਾਕਿਸਤਾਨ ਤੋਂ ਭਾਰਤ ਵਿੱਚ ਤਸਕਰੀ ਕੀਤੀ ਗਈ 500 ਕਿਲੋਗ੍ਰਾਮ ਹੈਰੋਇਨ ਦੇ ਸਲਾਇਆ ਡਰੱਗ ਜ਼ਬਤ ਮਾਮਲੇ ਦੇ ਸਬੰਧ ਵਿੱਚ ਮੁਲਜ਼ਮ ਅਨਵਰ ਮਸੀਹ ਦੀਆਂ ਅੰਮ੍ਰਿਤਸਰ ਵਿਚਲੀਆਂ ਦੋ ਅਚੱਲ ਜਾਇਦਾਦਾਂ ਜ਼ਬਤ ਕਰ ਲਈਆਂ ਨੇ. ਜਾਇਦਾਦਾਂ ਜਬਤ ਕਰਨ ਦੀ ਕਾਰਵਾਈ 13 ਅਗਸਤ ਨੂੰ ਕੀਤੀ ਗਈ ਸੀ। ਜਾਂਚ ਏਜੰਸੀ ਮੁਤਾਬਿਕ, ਜਾਂਚ ਵਿੱਚ ਮਸੀਹ ਦੀ ਇਟਲੀ, ਆਸਟ੍ਰੇਲੀਆ, ਯੂਏਈ, ਥਾਈਲੈਂਡ, ਈਰਾਨ ਅਤੇ ਪਾਕਿਸਤਾਨ ਵਿੱਚ ਫੈਲੇ ਇੱਕ ਅੰਤਰਰਾਸ਼ਟਰੀ ਨਾਰਕੋ-ਦਹਿਸ਼ਤਗਰਦੀ ਨੈੱਟਵਰਕ ਵਿੱਚ ਸ਼ਮੂਲੀਅਤ ਦਾ ਖੁਲਾਸਾ ਹੋਇਆ ਏ ।

---

ਅੱਜ ਵਿਭਾਜਨ ਵਿਭੀਸ਼ਿਕਾ ਯਾਦਗਾਰੀ ਦਿਵਸ ਏ। ਇਸ ਮੌਕੇ ਦੇਸ਼, 1947 ਦੀ ਵੰਡ ਦੌਰਾਨ, ਆਪਣੀਆਂ ਜਾਨਾਂ ਗੁਆਉਣ ਅਤੇ ਜ਼ੁਲਮਾਂ ਖਿਲਾਫ ਸੰਘਰਸ਼ ਕਰਨ ਵਾਲਿਆਂ ਨੂੰ ਸ਼ਰਧਾਂਜਲੀ ਭੇਂਟ ਕਰ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਇਸ ਮੌਕੇ, ਵੰਡ ਦੌਰਾਨ, ਆਪਣੀਆਂ ਜਾਨਾਂ ਗੁਆਉਣ ਵਾਲਿਆਂ ਅਤੇ ਜ਼ੁਲਮਾਂ ਖਿਲਾਫ ਸੰਘਰਸ਼ ਕਰਨ ਵਾਲਿਆਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਏ। ਪ੍ਰ

---

ਅੰਮ੍ਰਿਤਸਰ ਵਿੱਚ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਦੇ ਘਰ ਦੇ ਬਾਹਰ ਗੋਲੀਬਾਰੀ ਹੋਈ ਏ। ਉਨ੍ਹਾਂ ਦੇ ਘਰ ਦੇ ਬਾਹਰ ਖੜ੍ਹੀ ਕਾਰ ’ਤੇ ਗੋਲੀ ਲੱਗਣ ਤੋਂ ਬਾਅਦ, ਪੁਲਿਸ ਨੇ ਮਾਮਲੇ ਦੀ  ਜਾਂਚ ਤੇਜ਼ ਕਰ ਦਿੱਤੀ ਏ।

---

ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ SAD ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਅੱਜ ਨਾਂਦੇੜ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ ਏ । ਉਨ੍ਹਾਂ 'ਤੇ ਕੱਲ੍ਹ ਇੱਕ ਵਿਅਕਤੀ ਨੇ ਉਸ ਸਮੇਂ ਤੇਜ਼ਧਾਰ ਹਥਿਆਰ ਨਾਲ ਹਮਲਾ ਕੀਤਾ ਸੀ ਜਦੋਂ ਉਹ ਨਾਂਦੇੜ ਵਿੱਚ

ਆਪਣੇ ਪਰਿਵਾਰ ਨਾਲ ਮੱਥਾ ਟੇਕਣ ਤੋਂ ਬਾਅਦ ਗੁਰਦੁਆਰੇ ਸਾਹਿਬ ਤੋਂ ਬਾਹਰ ਆ ਰਹੇ ਸਨ।

---------------------------------------------------------------------------------

ਦੇਸ਼ ਭਗਤੀ ਅਤੇ ਰਾਸ਼ਟਰੀ ਮਾਣ ਦੇ ਇੱਕ ਵਿਲੱਖਣ ਵਿਖਾਲੇ ਵਜੋਂ , ਨੈਸ਼ਨਲ ਕੈਡੇਟ ਕੋਰ (ਐਨ.ਸੀ.ਸੀ.) ਦੀ ਨੰਬਰ 1 ਚੰਡੀਗੜ੍ਹ ਨੇਵਲ ਯੂਨਿਟ ਨੇ ਅੱਜ ਚੰਡੀਗੜ੍ਹ ਦੀ ਪ੍ਰਸਿੱਧ ਸੁਖਨਾ ਝੀਲ ਵਿਖੇ ਇੱਕ ਵਿਸ਼ੇਸ਼ 'ਹਰ ਘਰ ਤਿਰੰਗਾ' ਗਤੀਵਿਧੀ ਕਰਾਈ. ਕੈਡਿਟਾਂ ਨੇ, ਝੀਲ ਵਿੱਚ ਰਾਸ਼ਟਰੀ ਝੰਡੇ ਨਾਲ ਕਿਸ਼ਤੀ ਚਲਾਉਂਦਿਆਂ, ਦੇਸ਼ ਭਗਤੀ ਅਤੇ ਤਿਰੰਗੇ ਪ੍ਰਤੀ ਸਤਿਕਾਰ ਦਾ ਸੰਦੇਸ਼ ਦਿੱਤਾ. ਇਸ ਪਹਿਲਕਦਮੀ ਨੇ ਰਾਸ਼ਟਰੀ ਮੁਹਿੰਮ ਦੀ ਭਾਵਨਾ ਅਤੇ ਰਾਸ਼ਟਰੀ ਝੰਡੇ ਪ੍ਰਤੀ ਮਾਣ ਅਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਉਜਾਗਰ ਕੀਤਾ। ਇਸੇ ਤਰ੍ਹਾਂ, ਚੰਡੀਗੜ੍ਹ ਖੇਡ ਵਿਭਾਗ ਨੇ ਸ਼ਹਿਰ ਵਿੱਚ 'ਹਰ ਘਰ ਤਿਰੰਗਾ ਦੌੜ' ਵੀ ਕਰਾਈ. ਖਿਡਾਰੀਆਂ, ਕੋਚਾਂ, ਅਧਿਕਾਰੀਆਂ ਅਤੇ ਵਿਸ਼ੇਸ਼ ਜ਼ਰੂਰਤਾਂ ਵਾਲੇ ਬਚਿਆਂ ਸਮੇਤ ਸੈਂਕੜੇ ਲੋਕਾਂ ਨੇ ਉਤਸ਼ਾਹ ਨਾਲ ਇਸ ਵਿਚ ਹਿੱਸਾ ਲਿਆ। ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆਂ ਵਲੋਂ ਹਿੱਸਾ ਲਏ ਜਾਣ ਨੇ ਸਮਾਗਮ ਵਿੱਚ ਇੱਕ ਸਮਾਵੇਸ਼ੀ ਪਹਿਲੂ ਜੋੜਿਆ। ਰਾਸ਼ਟਰੀ ਗੀਤ "ਵੰਦੇ ਮਾਤਰਮ" ਦਾ ਸਮੂਹਿਕ ਗਾਇਨ ਅਤੇ ਹਰ ਘਰ ਤਿਰੰਗਾ ਸਹੁੰ ਚੁੱਕ ਸਮਾਰੋਹ ਵੀ ਕਰਾਇਆ ਗਿਆ, ਜੋ ਕਿ ਰਾਸ਼ਟਰੀ ਝੰਡੇ, ਰਾਸ਼ਟਰੀ ਏਕਤਾ ਅਤੇ ਦੇਸ਼ ਭਗਤੀ ਪ੍ਰਤੀ ਵਚਨਬੱਧਤਾ ਦੀ ਪੁਸ਼ਟੀ ਕਰਦਾ ਏ ।

-----------------------------------------------------------------------------

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅੱਜ 80ਵੇਂ ਆਜ਼ਾਦੀ ਦਿਵਸ ਤੋਂ ਪਹਿਲਾਂ ਦੀ ਸ਼ਾਮ ਰਾਸ਼ਟਰ ਨੂੰ ਸੰਬੋਧਨ ਕਰਨਗੇ।

- ਪੰਜਾਬ ਪੁਲਿਸ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਵਜੋਂ ਪੰਜਾਬ ਪੁਲਿਸ ਦੇ ਅਧਿਕਾਰੀਆਂ ਤੇ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ (ਪੀਐਸਐਮ) ਅਤੇ ਬੇਮਿਸਾਲ ਸੇਵਾ ਲਈ ਮੈਡਲ (ਐਮਐਸਐਮ) ਨਾਲ ਸਨਮਾਨਿਤ ਕੀਤਾ ਜਾਵੇਗਾ।

- ਚੰਡੀਗੜ੍ਹ, ਪ੍ਰਧਾਨ ਮੰਤਰੀ ਗਰੀਬ ਕਲਿਆਣ ਅੰਨ ਯੋਜਨਾ ਦੇ ਲਾਭਪਾਤਰੀਆਂ ਲਈ, CBDC ਅਧਾਰਿਤ ਭੋਜਨ ਸਬਸਿਡੀ ਦੇ ਸਿੱਧੇ ਲਾਭ ਤਬਾਦਲੇ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਵਾਲਾ ਦੇਸ਼ ਦਾ ਪਹਿਲਾ ਕੇਂਦਰ ਸ਼ਾਸਿਤ ਪ੍ਰਦੇਸ਼ ਬਣਿਆ.

- NIA ਨੇ ਛੇ ਸਾਲ ਪੁਰਾਣੇ, ਸਲਾਇਆ ਡਰੱਗ ਜ਼ਬਤ ਮਾਮਲੇ ਦੇ ਸਬੰਧ ਵਿੱਚ ਮੁਲਜ਼ਮ ਅਨਵਰ ਮਸੀਹ ਦੀਆਂ ਅੰਮ੍ਰਿਤਸਰ ਵਿਚਲੀਆਂ ਦੋ ਅਚੱਲ ਜਾਇਦਾਦਾਂ ਜ਼ਬਤ ਕੀਤੀਆਂ.

- 1947 ਦੀ ਵੰਡ ਦੌਰਾਨ, ਆਪਣੀਆਂ ਜਾਨਾਂ ਗੁਆਉਣ ਅਤੇ ਜ਼ੁਲਮਾਂ ਖਿਲਾਫ ਸੰਘਰਸ਼ ਕਰਨ ਵਾਲਿਆਂ ਦੀ ਯਾਦ ਵਿਚ ਅੱਜ ਵਿਭਾਜਨ ਵਿਭੀਸ਼ਿਕਾ ਯਾਦਗਾਰੀ ਦਿਵਸ ਮਨਾਇਆ ਜਾ ਰਿਹਾ ਏ.

---------------------------------------------------------------------------------

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਰਾਤ 8 ਵਜੇ ਹੋਏਗਾ**

**ਨਮਸਕਾਰ |**